ਨੰ:3/60/2011-3ਸਿ3/ 1976

ਪੰਜਾਬ ਸਰਕਾਰ

ਸਿੱਖਿਆ ਵਿਭਾਗ

(ਸਿੱਖਿਆ-3 ਸ਼ਾਖਾ)

ਸੇਵਾ ਵਿਖੇ

ਪ੍ਰਿੰਸੀਪਲ,
ਗਿਆਨ ਗੰਗਾ ਇੰਟਰਨੈਸ਼ਨਲ ਸਕੂਲ,
ਪਿੰਡ ਬੱਲਰਾਂ, ਜ਼ਿਲ੍ਹਾ ਸੰਗਰੂਰ।
ਮਿਤੀ: ਚੰਡੀਗੜ੍ਹ: 17-6-11

ਵਿਸ਼ਾ:- ਗਿਆਨ ਗੰਗਾ ਇੰਟਰਨੈਸ਼ਨਲ ਸਕੂਲ, ਪਿੰਡ ਬੱਲਰਾਂ, ਜ਼ਿਲ੍ਹਾ ਸੰਗਰੂਰ ਨੂੰ ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜ਼ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

---

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਦੇ ਹਵਾਲੇ ਵਿੱਚ।

2. ਸਕੂਲ ਦੀ ਮੈਨੇਜਮੈਂਟ ਵਲੋਂ ਪੇਸ਼ ਕੀਤੇ ਗਏ ਦਸਤਾਵੇਜ਼ ਜੋ ਤਸਦੀਕੀਆ ਕਿਆਨ, ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.), ਪੰਜਾਬ, ਚੰਡੀਗੜ੍ਹ ਦੀਆਂ ਸਿਫਾਰਸ਼ਾਂ ਨੂੰ ਗੌਹ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵਲੋਂ ਲੋੜੀਂਦਾ ਇਤਰਾਜ਼ਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿਚ ਕਿਸੇ ਵੀ ਨਿਰਧਾਰਤ ਇੰਸਪੈਕਸ਼ਨ ਟੀਮ ਦੇ ਸੰਬੰਧ ਵਿਚ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵਲੋਂ ਇਤਰਾਜ਼ਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾ ਦੇ ਆਧਾਰ ਤੇ ਦਸਤਾਵੇਜ਼ ਦਿੱਤੇ ਗਏ ਹਨ ਅਤੇ ਜਾਂ ਪੰਜਾਬ ਸਰਕਾਰ ਵਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਜਿਹ ਉਕਤ ਦਰਸਾਈਆਂ ਹਦਾਇਤਾਂ ਵਿਚ ਦਿੱਤੀਆਂ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਹੈ, ਤਾਂ ਅਜਿਹੇ ਹਾਲਤ ਵਿਚ ਕਿਸੇ ਵੀ ਸਮੇਂ ਇਹ ਇਤਰਾਜ਼ਹੀਣਤਾ ਸਰਟੀਫਿਕੇਟ ਵਾਪਸ ਲਿਆ ਜਾ ਸਕਦਾ ਹੈ।

2. ਆਪ ਦੇ ਸਕੂਲ ਵਿਚ ਪੰਜਾਬੀ ਨੂੰ ਪ੍ਰਾਥਮਿਕਤਾ ਦਸਵੀਂ ਪੱਧਰ ਤਕ ਲਾਜ਼ਮੀ ਪੜ੍ਹਾਇਆ ਅਤੇ ਸੀ.ਬੀ.ਐਸ.ਈ. ਨਵੀਂ ਦਿੱਲੀ ਅਧੀਨ ਸਕੂਲਾਂ ਵਿਚ ਪੰਜਾਬੀ ਦਾ ਇੰਪਲੀਮੈਂਟੇਸ਼ਨ ਐਕਟ ਦਾ ਉਪਬੰਧ ਲਾਜ਼ਮੀ ਬਣਾਉਣਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

3. ਸਕੂਲ ਮੈਨੇਜਮੈਂਟ, ਸਿੱਖਿਆ ਵਿਭਾਗ ਪੰਜਾਬ ਸਰਕਾਰ ਵਲੋਂ ਆਰ.ਟੀ.ਈ. ਐਕਟ, 2009 ਦੇ ਤਹਿਤ ਜਾਰੀ ਕੀਤੇ ਨੋਟੀਫਿਕੇਸ਼ਨਾਂ ਅਤੇ ਪੰਜਾਬ ਰਾਜ ਲਈ ਬਣਾਏ ਆਰ.ਟੀ.ਈ. ਐਕਟ, 2009 ਦੇ ਰੂਲਾਂ ਦੀ ਇੰਨ-ਬਿੰਨ ਪਾਲਣਾ ਕਰੇਗੀ।

4. ਸੀ.ਬੀ.ਐਸ.ਈ. ਨਵੀਂ ਦਿੱਲੀ ਤੋਂ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ

ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਅਕਾਊਂਟ ਪੇਈ ਚੈਕ ਰਾਹੀਂ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

5 ਤੁਸੀਂ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਸਿੱਖਿਆ ਅਫਸਰ ਵਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾਂ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਦੀ ਸੂਚਨਾ ਉਪਲੱਬਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਵਧੀਕ ਸਕੱਤਰ ਸਕੂਲ ਸਿੱਖਿਆ

ਪਿੱਠ ਅੰ ਨੰ: ਨੰ:3/60/2011-3ਸਿ3/ ਮਿਤੀ ਚੰਡੀਗੜ੍ਹ

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ: 15/64-2011 ਗ੍ਰਾਂਟ-1(2), ਮਿਤੀ 31-03-2011 ਦੇ ਹਵਾਲੇ ਵਿਚ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟ-ਘੱਟ ਇਕ ਵਾਰ ਇੰਸਪੈਕਸ਼ਨ ਹਰ ਹਾਲਤ ਵਿਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ, ਪੰਜਾਬ ਸਰਕਾਰ ਵਲੋਂ ਜਾਰੀ ਹਦਾਇਤਾਂ ਦੀ ਇੰਨ-ਬਿਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

2 ਗਿਆਨ ਗੰਗਾ ਇੰਟਰਨੈਸ਼ਨਲ ਸਕੂਲ, ਪਿੰਡ ਬੱਲਰਾਂ, ਜਿਲ੍ਹਾ ਸੰਗਰੂਰ ਦੀ ਮਿਸਲ ਮੂਲ ਰੂਪ ਵਿਚ ਵਾਪਸ ਭੇਜੀ ਜਾਂਦੀ ਹੈ।

ਸਹੀ/-
ਵਧੀਕ ਸਕੱਤਰ ਸਕੂਲ ਸਿੱਖਿਆ